# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 30-06-2024**

ਭਾਰਤ ਨੇ ਦੂਜੀ ਵਾਰ ਆਈ ਸੀ ਸੀ ਟੀ - 20 ਕ੍ਰਿਕਟ ਵਿਸ਼ਵ ਕੱਪ ਦਾ ਖਿਤਾਬ ਜਿੱਤ ਲਿਆ ਏ। ਬੀਤੀ ਰਾਤ ਬਾਰਬਡੋਸ ਵਿੱਚ ਹੋਏ ਰੋਮਾਂਚਕ ਫਾਈਨਲ ਵਿੱਚ ਭਾਰਤ ਨੇ ਦੱਖਣੀ ਅਫਰੀਕਾ ਨੂੰ ਸੱਤ ਦੌੜਾਂ ਦੇ ਫਰਕ ਨਾਲ ਹਰਾਇਆ। ਇਸ ਤੋਂ ਪਹਿਲਾਂ ਭਾਰਤ ਨੇ 2007 ਵਿਚ ਟੀ - 20 ਵਿਸ਼ਵ ਕ੍ਰਿਕਟ ਕੱਪ ਖਿਤਾਬ ਜਿਤਿਆ ਸੀ। ਫਾਈਨਲ ਵਿਚ ਪਹਿਲਾਂ ਬਲੇਬਾਜ਼ੀ ਕਰਦੇ ਹੋਏ ਭਾਰਤੀ ਟੀਮ ਨੇ ਵਿਰਾਟ ਕੋਹਲੀ ਦੀ 76 ਤੇ ਅਕਸ਼ਰ ਪਟੇਲ ਦੀ 47 ਦੌੜਾਂ ਦੀ ਪਾਰੀ ਦੀ ਬਦੌਲਤ 7 ਵਿਕਟਾਂ 'ਤੇ 176 ਦੌੜਾਂ ਬਣਾਇਆਂ। ਮਗਰੋਂ ਭਾਰਤੀ ਗੇਂਦਬਾਜ਼ਾਂ ਦੀ ਕਸੀ ਹੋਈ ਗੇਂਦਬਾਜ਼ੀ ਤੇ ਦਮਦਾਰ ਫ਼ੀਲਡਿੰਗ ਸਦਕਾ ਦੱਖਣੀ ਅਫਰੀਕਾ ਦੀ ਟੀਮ ਤੈਅ ਵੀਹ ਓਵਰਾਂ ਵਿਚ ਅੱਠ ਵਿਕਟ 'ਤੇ 169 ਦੌੜਾਂ ਹੀ ਬਣਾ ਸਕੀ। ਹਾਰਦਿਕ ਪਾਂਡਿਆ ਨੇ 3 ਅਤੇ ਅਰਸ਼ਦੀਪ ਸਿੰਘ ਤੇ ਜਸਪ੍ਰੀਤ ਬੁਮਰਾ ਨੇ

2 - 2 ਵਿਕਟ ਹਾਸਲ ਕੀਤੇ। ਵਿਰਾਟ ਕੋਹਲੀ ਪਲੇਅਰ ਆਫ ਦ ਮੈਚ ਅਤੇ ਜਸਪ੍ਰੀਤ ਬੁਮਰਾਹ ਪਲੇਅਰ ਆਫ ਦ ਟੂਰਨਮੈਂਟ ਚੁਣੇ ਗਏ। ਇਸ ਦੌਰਾਨ ਵਿਰਾਟ ਕੋਹਲੀ ਅਤੇ ਰੋਹਿਤ ਸ਼ਰਮਾ ਨੇ ਟੀ-ਟਵੈਂਟੀ ਕੌਮਾਂਤਰੀ ਕ੍ਰਿਕਟ ਤੋਂ ਸੰਨਿਆਸ ਲੈਣ ਦਾ ਐਲਾਨ ਕਰ ਦਿੱਤਾ ਏ।

--------------------------------------------------

ਰਾਸ਼ਟਰਪਤੀ, ਉਪਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਇਸ ਸ਼ਾਨਦਾਰ ਜਿੱਤ 'ਤੇ ਭਾਰਤੀ ਟੀਮ ਨੂੰ ਵਧਾਈ ਦਿੱਤੀ ਏ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਕਦੇ ਵੀ ਹਾਰ ਨਾ ਮੰਨਣ ਦੀ ਭਾਵਨਾ ਨਾਲ ਟੀਮ ਇੰਡੀਆ ਨੇ ਆਪਣੀ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ ਅਤੇ ਬੇਮਿਸਾਲ ਜਿੱਤ ਹਾਸਲ ਕੀਤੀ। ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਕਿ ਇਹ ਭਾਰਤੀ ਟੀਮ ਦੇ ਸ਼ਾਨਦਾਰ ਪ੍ਰਦਰਸ਼ਨ ਅਤੇ ਸਖਤ ਮਿਹਨਤ ਦਾ ਨਤੀਜਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਦੇਸ਼ ਨੂੰ ਟੀਮ 'ਤੇ ਮਾਣ ਏ ਅਤੇ ਇਹ ਇਕ ਇਤਿਹਾਸਕ ਜਿੱਤ ਏ।

--------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਵੇਰੇ 11 ਵਜੇ ਆਕਾਸ਼ਵਾਣੀ 'ਤੇ

'ਮਨ ਕੀ ਬਾਤ' ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰਾਂ ਦੀ ਸਾਂਝ ਪਾਈ। ਇਹ ਮਹੀਨਾਵਾਰੀ ਰੇਡੀਓ ਪ੍ਰੋਗਰਾਮ ਦੀ ਇੱਕ ਸੌ 11ਵੀਂ ਕੜੀ ਸੀ। ਸ਼੍ਰੀ ਮੋਦੀ ਦੇ ਲਗਾਤਾਰ ਤੀਜੀ ਵਾਰ ਪ੍ਰਧਾਨ ਮੰਤਰੀ ਬਣਨ ਦੇ ਬਾਅਦ 'ਮਨ ਕੀ ਬਾਤ' ਦੀ ਇਹ ਪਹਿਲੀ ਕੜੀ ਸੀ। ਪ੍ਰਧਾਨ ਮੰਤਰੀ ਮੋਦੀ ਨੇ ਦੇਸ਼ਵਾਸੀਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਨਾਂ ਦੇਸ਼ ਦੇ ਸੰਵਿਧਾਨ ਤੇ ਦੇਸ਼ ਦੀਆਂ ਲੋਕਤੰਤਰਿਕ ਕਦਰਾਂ ਕੀਮਤਾਂ ਤੇ ਆਪਣਾ ਅਟੁੱਟ ਭਰੋਸਾ ਪ੍ਰਗਟਾਇਆ ਏ। ਉਨਾਂ ਕਿਹਾ ਕਿ 24 ਦੀ ਚੋਣ ਦੁਨੀਆ ਦੀ ਸਭ ਤੋਂ ਵੱਡੀ ਚੋਣ ਸੀ। ਦੁਨੀਆ ਦੇ ਕਿਸੇ ਵੀ ਦੇਸ਼ ਵਿਚ ਇਨੀ ਵੱਡੀ ਚੋਣ ਪਹਿਲਾਂ ਕਦੇ ਨਹੀਂ ਹੋਈ  ਜਿਸ ਵਿਚ 65 ਕਰੋੜ ਲੋਕਾਂ ਨੇ ਆਪਣੇ ਵੋਟ ਪਾਏ ਹੋਣ। ਪ੍ਰਧਾਨ ਮੰਤਰੀ ਮੋਦੀ ਨੇ ਇਸ ਲਈ ਚੋਣ ਕਮਿਸ਼ਨ ਅਤੇ ਚੋਣ ਪ੍ਰਕ੍ਰਿਆ ਨਾਲ ਜੁੜੇ ਹੋਏ ਹਰ ਵਿਅਕਤੀ ਨੂੰ ਵਧਾਈ ਦਿੱਤੀ।

---------------------------------------------------------

ਯੁਵਾ ਮਾਮਲੇ ਤੇ ਖੇਡਾਂ ਅਤੇ ਕਿਰਤ ਤੇ ਰੁਜ਼ਗਾਰ ਮੰਤਰੀ ਡਾ: ਮਨਸੁਖ ਮਾਂਡਵੀਆ ਨੇ ਕਲ ਨੇਤਾਜੀ ਸੁਭਾਸ਼ ਨੈਸ਼ਨਲ ਇੰਸਟੀਚਿਊਟ ਆਫ਼

ਸਪੋਰਟਸ ਸੈਂਟਰ ਪਟਿਆਲਾ ਦਾ ਦੌਰਾ ਕੀਤਾ ਕਰਕੇ ਨਵੇਂ ਬੁਨਿਆਦੀ ਢਾਂਚੇ ਦੀ ਪ੍ਰਗਤੀ ਦਾ ਨਿਰੀਖਣ ਕੀਤਾ। ਉਨਾਂ ਓਲੰਪਿਕ ਵਿੱਚ ਜਾਣ ਵਾਲੀ ਅਥਲੀਟ ਵੇਟਲਿਫਟਰ ਮੀਰਾਬਾਈ ਚਾਨੂ, ਜੈਵਲਿਨ ਥਰੋਅਰ ਅੰਨੂ ਰਾਣੀ ਅਤੇ ਸ਼ਾਟ ਪੁਟਰ ਆਭਾ ਖਟੂਆ ਨਾਲ ਵੀ ਮੁਲਾਕਾਤ ਕੀਤੀ। ਡਾ: ਮਾਂਡਵੀਆ ਨੇ ਕਿਹਾ ਕਿ ਖਿਡਾਰੀਆਂ ਨਾਲ ਹੋਈ ਗੱਲਬਾਤ ਨੇ ਯਕੀਨ ਦਿਵਾਇਆ ਏ ਕਿ ਅਥਲੀਟਾਂ ਨੂੰ ਪੈਰਿਸ ਓਲੰਪਿਕ ਖੇਡਾਂ ਦੀ ਤਿਆਰੀ ਵਿੱਚ ਸਭ ਤੋਂ ਵਧੀਆ ਸਹਿਯੋਗ ਮਿਲ ਰਿਹਾ ਏ। ਉਨਾਂ ਕਿਹਾ ਕਿ ਖੇਡਾਂ ਦੇ ਸਰਵਪੱਖੀ ਵਿਕਾਸ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਨਜ਼ਰੀਏ ਨੂੰ ਧਿਆਨ ਵਿੱਚ ਰੱਖਦੇ ਹੋਏ, ਸਰਕਾਰ ਜ਼ਮੀਨੀ ਪੱਧਰ ਦੀ ਪ੍ਰਤਿਭਾ ਦੀ ਪਛਾਣ ਅਤੇ ਪਾਲਣ ਪੋਸ਼ਣ ਨੂੰ ਉਤਸ਼ਾਹਿਤ ਕਰੇਗੀ।

--------------------------------------------------------

ਪੰਜਾਬ ਨੇ 29 ਜੂਨ ਨੂੰ 16089 ਮੈਗਾਵਾਟ ਦੀ ਆਪਣੀ ਹੁਣ ਤੱਕ ਦੀ ਸਭ ਤੋਂ ਉੱਚੀ ਚੋਟੀ ਦੀ ਮੰਗ ਨੂੰ ਸਫਲਤਾਪੂਰਵਕ ਪੂਰਾ ਕਰਕੇ 19 ਜੂਨ, 2024 ਨੂੰ ਸਥਾਪਤ ਕੀਤੇ 15933 ਮੈਗਾਵਾਟ ਦੇ ਪਿਛਲੇ ਰਿਕਾਰਡ ਨੂੰ ਪਾਰ ਕਰਕੇ ਇੱਕ ਇਤਿਹਾਸਕ ਮੀਲ ਪੱਥਰ ਹਾਸਲ ਕੀਤਾ ਏ। ਇੱਕ

ਪ੍ਰੈਸ ਬਿਆਨ ਵਿੱਚ, ਬਿਜਲੀ ਮੰਤਰੀ ਨੇ ਕਿਹਾ ਏ ਕਿ "ਪੰਜਾਬ ਵਿੱਚ ਜੂਨ 2024 ਦੀ ਦੂਜੀ ਛਿਮਾਹੀ ਦੌਰਾਨ ਲਗਾਤਾਰ ਉੱਚ ਸਿਖਰ ਦੀ ਮੰਗ ਦੇਖੀ ਗਈ ਏ , ਜੋ ਕਿ 15000 ਮੈਗਾਵਾਟ ਤੋਂ 15800 ਮੈਗਾਵਾਟ ਤੱਕ ਸੀ, ਜੋ ਪਿਛਲੇ ਸਾਲ ਦੀ ਸਮਾਨ ਮਿਆਦ ਨਾਲੋਂ ਕਾਫ਼ੀ ਜ਼ਿਆਦਾ ਹੈ।" ਖਾਸ ਤੌਰ 'ਤੇ, 26 ਜੂਨ, 2024 ਨੂੰ, ਪੰਜਾਬ ਨੇ ਇੱਕ ਦਿਨ ਵਿੱਚ ਆਪਣੀ ਹੁਣ ਤੱਕ ਦੀ ਸਭ ਤੋਂ ਵੱਧ 3563 ਮੰਗ ਨੂੰ ਪੂਰਾ ਕੀਤਾ, ਜੋ ਕਿ 9 ਸਤੰਬਰ, 2023 ਨੂੰ ਸਥਾਪਤ ਕੀਤੇ ਗਏ 3427 LU ਦੇ ਪਿਛਲੇ ਰਿਕਾਰਡ ਨੂੰ ਪਾਰ ਕਰ ਗਈ ।

---------------------------------------------------------------

ਪੰਜਾਬ ਦੇ ਕਈ ਜ਼ਿਲਿਆਂ ਵਿਚ ਬੀਤੀ ਦੇਰ ਰਾਤ ਤੋਂ ਸਵੇਰ ਸਾਰ ਤਕ ਪਏ ਹਲਕੇ ਤੋਂ ਦਰਮਿਆਨੇ ਮੀਂਹ ਨਾਲ ਲੋਕਾਂ ਨੇ ਅੱਤ ਦੀ  ਗਰਮੀ ਤੋਂ ਸੁਖ ਦਾ ਸਾਹ ਲਿਆ ਏ । ਜਲੰਧਰ ਅਤੇ ਆਲੇ ਦੁਆਲੇ ਦੇ ਇਲਾਕਿਆਂ ਵਿਚ ਸਵੇਰ ਤਕ ਰੁਕ ਰੁਕ ਕੇ ਮੀਂਹ ਪੈਂਦਾ ਰਿਹਾ ਅਤੇ ਤੇਜ ਹਵਾਵਾਂ ਵਗਦੀਆਂ ਰਹੀਆਂ । ਮੀਂਹ ਨਾਲ ਤਾਪਮਾਨ ਵਿਚ ਵੀ ਕਾਫੀ ਗਿਰਾਵਟ ਦਰਜ਼ ਕੀਤੀ ਗਈ ਏ । ਕਈ ਜ਼ਿਲਿਆਂ ਵਿਚ ਇਸ ਵੇਲੇ ਵੀ ਬੱਦਲਵਾਈ

ਬਣੀ ਹੋਈ ਏ। ਸਵੇਰੇ 8 ਵਜੇ ਤਕ ਅੰਮ੍ਰਿਤਸਰ ਵਿਚ ਸਭ ਤੋਂ ਵੱਧ 40 ਇਸ਼ਾਰਿਆ 5 ਮਿਲੀਮੀਟਰ ਮੀਂਹ ਦਰਜ਼ ਕੀਤਾ ਗਿਆ ਜਦਕਿ ਪਠਾਨਕੋਟ ਵਿਚ 4 ਇਸ਼ਾਰਿਆ 2 ਮਿਲੀਮੀਟਰ ਮੀਂਹ ਪਿਆ ਏ। ਮੀਂਹ ਦੌਰਾਨ ਕਈ ਇਲਾਕਿਆਂ ਵਿਚ ਬਿਜਲੀ ਸਪਲਾਈ ਵੀ ਲੰਮੇ ਸਮੇ ਤਕ ਬੰਦ ਰਹੀ ਜਿਸ ਨਾਲ ਲੋਕਾਂ ਨੂੰ ਖੱਜਲ ਖ਼ੁਆਰ ਹੋਣਾ ਪਿਆ। ਮੌਸਮ ਵਿਭਾਗ ਨੇ ਸੂਬੇ ਦੇ 9 ਜ਼ਿਲਿਆਂ ਵਿਚ ਅਗਲੇ ਤਿੰਨ ਦਿਨ ਲਈ ਮੀਂਹ ਅਤੇ ਹਨੇਰੀ ਛਖੜ ਸੰਬੰਧੀ ਯੈਲੋ ਅਲਰਟ ਜਾਰੀ ਕੀਤਾ ਏ।